# ਪੰਜਾਬੀ ਯੂਨੀਵਰਸਿਟੀ, ਪਟਿਆਲਾ

(1961 ਦੇ ਪੰਜਾਬ ਐਕਟ ਨੰ: 35 ਤਹਿਤ ਸਥਾਪਤ)

## ਕੰਟਰੋਲਰ (ਪ੍ਰੀਖਿਆਵਾਂ) ਦਫਤਰ

ਨੰ:.....7227.....ਸੀ.ਓ.ਈ.

ਮਿਤੀ.....01/8/2023

ਸਮੂਹ ਵਿਭਾਗਾਂ ਦੇ ਮੁਖੀ ਸਾਹਿਬਾਨ,
ਸਮੂਹ ਕੰਸਟੀਚਿਊਟ ਕਾਲਜ/ਨੇਬਰਹੁੱਡ ਕੈਂਪਸ ਅਤੇ
ਕਾਲਜਾਂ ਦੇ ਪ੍ਰਿੰਸੀਪਲ/ਇੰਚਾਰਜ਼/ਕੋਆਰਡੀਨੇਟਰ ਸਾਹਿਬਾਨ।

ਡਾਇਰੈਕਟੋਰੇਟ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਪੰਜਾਬ, ਦੇ ਪੱਤਰ ਨੰ. 234-240 ਮਿਤੀ 28.09.2022 ਦੇ ਹਵਾਲੇ ਵਿੱਚ ਅਨੁਸੂਚਿਤ ਜਾਤੀਆਂ ਦੇ ਵਿਦਿਆਰਥੀਆਂ ਦੀਆਂ ਡਿਗਰੀਆਂ/ਡੀ.ਐਮ.ਸੀ. ਨਾ ਰੋਕਣ ਬਾਰੇ ਅਤੇ ਡੀ.ਪੀ.ਆਈ. (ਕਾਲਜਾਂ) ਪੰਜਾਬ ਦੇ ਮੀਮੋ ਨੰ. DPIHE-SCHIOMISC/9/2021-SCHOLARSHIP-I-DPI-HE/255835/2022 ਮਿਤੀ 09.06.2023 ਦੀਆਂ ਹਦਾਇਤਾਂ ਨੂੰ ਵਾਈਸ-ਚਾਂਸਲਰ ਸਾਹਿਬ ਦੇ ਆਦੇਸ਼ਾਂ ਅਨੁਸਾਰ ਗਠਿਤ ਕਮੇਟੀ ਦੀ ਇਕੱਤਰਤਾ ਮਿਤੀ 23-06-2023 ਨੂੰ ਦੁਪਹਿਰ 12.00 ਵਜੇ ਡੀਨ, ਅਕਾਦਮਿਕ ਮਾਮਲੇ ਦੇ ਦਫ਼ਤਰ ਵਿਖੇ ਹੋਈ। ਸਰਕਾਰ ਦੀਆਂ ਹਦਾਇਤਾਂ ਵਿੱਚ ਸਪਸ਼ਟ ਕੀਤਾ ਗਿਆ ਹੈ ਕਿ ਅਨੁਸੂਚਿਤ ਜਾਤੀਆਂ ਦੇ ਵਿਦਿਆਰਥੀਆਂ ਦੀਆਂ ਡਿਗਰੀਆਂ/ਡੀ.ਐਮ.ਸੀ. ਦੀਆਂ ਅਸਲ ਕਾਪੀਆਂ, ਰੋਲ ਨੰਬਰ ਆਦਿ ਨਾ ਰੋਕੇ ਜਾਣ। ਇਸ ਸਬੰਧੀ ਯੂਨੀਵਰਸਿਟੀ ਵਿਭਾਗਾਂ ਦੇ ਮੁਖੀਆਂ/ਸਬੰਧਿਤ ਕਾਲਜਾਂ ਦੇ ਪ੍ਰਿੰਸੀਪਲ ਅਤੇ ਮੈਨੇਜਮੈਂਟਾਂ ਦੀ ਨਿੱਜੀ ਜਿੰਮੇਵਾਰੀ ਹੋਵੇਗੀ। ਜੇਕਰ ਉਹ ਅਨੁਸੂਚਿਤ ਜਾਤੀਆਂ ਦੇ ਵਿਦਿਆਰਥੀਆਂ ਦੀਆਂ ਡਿਗਰੀਆਂ/ਡੀ.ਐਮ.ਸੀ. ਜਾਂ ਰੋਲ ਨੰਬਰ ਰੋਕਦੇ ਹਨ ਤਾਂ ਉਨਾਂ ਵਿਰੁੱਧ ਸਰਕਾਰ ਵੱਲੋਂ ਹੋਣ ਵਾਲੀ ਕਾਰਵਾਈ ਦੇ ਉਹ ਖੁਦ ਜਿੰਮੇਵਾਰ ਹੋਣਗੇ। ਇਸ ਕਰਕੇ ਯੂਨੀਵਰਸਿਟੀ ਵੱਲੋਂ ਸਰਕਾਰ ਦੀਆਂ ਹਦਾਇਤਾਂ ਦੀ ਇੰਨ-ਬਿਨ ਪਾਲਣਾ ਕਰਦੇ ਹੋਏ ਅਨੁਸੂਚਿਤ ਜਾਤੀਆਂ ਦੇ ਵਿਦਿਆਰਥੀਆਂ ਨੂੰ ਡਿਗਰੀਆਂ/ਡੀ.ਐਮ.ਸੀ. ਜਾਂ ਰੋਲ ਨੰਬਰ ਤੁਰੰਤ ਜਾਰੀ ਕਰਨ ਦਾ ਕਮੇਟੀ ਵੱਲੋਂ ਫੈਸਲਾ ਲਿਆ ਗਿਆ ਹੈ।

01/8/23

ਕੰਟਰੋਲਰ (ਪ੍ਰੀਖਿਆਵਾਂ)

Scanned with CamScan